**ਆਸਾ ਮਹਲਾ ੫ ॥ ਬੰਧਨ ਕਾਟਿ ਬਿਸਾਰੇ ਅਉਗਨ ਅਪਨਾ ਬਿਰਦੁ ਸਮ੍ਹਾਰਿਆ ॥ ਹੋਏ ਕ੍ਰਿਪਾਲ ਮਾਤ ਪਿਤ ਨਿਆਈ ਬਾਰਿਕ ਜਿਉ ਪ੍ਰਤਿਪਾਰਿਆ ॥ ੧॥ ਗੁਰਸਿਖ ਰਾਖੇ ਗੁਰ ਗੋਪਾਲਿ ॥ ਕਾਢਿ ਲੀਏ ਮਹਾ ਭਵਜਲ ਤੇ ਅਪਨੀ ਨਦਰਿ ਨਿਹਾਲਿ ॥੧॥ ਰਹਾਉ ॥ ਜਾ ਕੈ ਸਿਮਰਣਿ ਜਮ ਤੇ ਛੁਟੀਐ ਹਲਤਿ ਪਲਤਿ ਸੁਖੁ ਪਾਈਐ ॥ ਸਾਸਿ ਗਿਰਾਸਿ ਜਪਹੁ ਜਪੁ ਰਸਨਾ ਨੀਤ ਨੀਤ ਗੁਣ ਗਾਈਐ ॥੨॥ ਭਗਤਿ ਪ੍ਰੇਮ ਪਰਮ ਪਦੁ ਪਾਇਆ ਸਾਧਸੰਗਿ ਦੁਖ ਨਾਠੇ ॥ ਛਿਜੈ ਨ ਜਾਇ ਕਿਛੁ ਭਉ ਨ ਬਿਆਪੇ ਹਰਿ ਧਨੁ ਨਿਰਮਲੁ ਗਾਠੇ ॥੩॥ ਅੰਤਿ ਕਾਲ ਪ੍ਰਭ ਭਏ ਸਹਾਈ ਇਤ ਉਤ ਰਾਖਨਹਾਰੇ ॥ ਪ੍ਰਾਨ ਮੀਤ ਹੀਤ ਧਨੁ ਮੇਰੈ ਨਾਨਕ ਸਦ ਬਲਿਹਾਰੇ ॥੪॥੬॥੪੫॥ {ਪੰਨਾ 382}**

ਪਦਅਰਥ:- ਕਾਟਿ—ਕੱਟ ਕੇ। ਬਿਸਾਰੇ—ਭੁਲਾ ਦੇਂਦਾ ਹੈ। ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ। ਸਮ੍ਹਾਰਿਆ—ਸਮ੍ਹਾਲੇ, ਚੇਤੇ ਰੱਖਦਾ ਹੈ {ਨੋਟ:- ਇਸ ਸ਼ਬਦ ਵਿਚ ਵਰਤੇ ਭੂਤਕਾਲ-ਸ਼ਬਦ ਦਾ ਅਰਥ ਵਰਤਮਾਨ ਕਾਲ ਵਿਚ ਕਰਨਾ ਹੈ}। ਨਿਆਈ—ਵਾਂਗ। ਪ੍ਰਤਿਪਾਰਿਆ—ਰਾਖੀ ਕਰਦਾ ਹੈ।1।

ਗੁਰ ਗੋਪਾਲਿ—ਗੁਰ ਗੋਪਾਲ ਨੇ। ਗੋਪਾਲ—ਧਰਤੀ ਦਾ ਰਾਖਾ। ਭਵਜਲ—ਸੰਸਾਰ-ਸਮੁੰਦਰ। ਤੇ—ਤੋਂ। ਨਿਹਾਲਿ—ਵੇਖ।1। ਰਹਾਉ।

ਸਿਮਰਣਿ—ਸਿਮਰਨ ਦੀ ਰਾਹੀਂ। ਛੁਟੀਐ—ਖ਼ਲਾਸੀ ਪਾਈਦੀ ਹੈ। ਹਲਤਿ—ਇਸ ਲੋਕ ਵਿਚ। ਪਲਤਿ—ਪਰਲੋਕ ਵਿਚ। ਸਾਸਿ—ਸਾਹ ਦੇ ਨਾਲ। ਗਿਰਾਸਿ—ਗਿਰਾਹੀ ਦੇ ਨਾਲ। ਰਸਨਾ—ਜੀਭ ਨਾਲ।2।

ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ। ਸੰਗਿ—ਸੰਗਤਿ ਵਿਚ। ਛਿਜੈ—ਕਮਜ਼ੋਰ ਹੁੰਦਾ। ਜਾਇ—ਜਾਂਦਾ, ਗੁਆਚਦਾ। ਨ ਬਿਆਪੇ—ਜ਼ੋਰ ਨਹੀਂ ਪਾ ਸਕਦਾ। ਨਿਰਮਲੁ—ਪਵਿਤ੍ਰ। ਗਾਠੇ—ਗਾਂਠ ਵਿਚ, ਪੱਲੇ।3।

ਇਤ ਉਤ—ਇਸ ਲੋਕ ਤੇ ਪਰਲੋਕ ਵਿਚ। ਹੀਤੁ—ਹਿਤੂ। ਮੇਰੈ—ਮੇਰੇ ਵਾਸਤੇ, ਮੇਰੇ ਪਾਸ, ਮੇਰੇ ਹਿਰਦੇ ਵਿਚ।4।

ਅਰਥ:- (ਹੇ ਭਾਈ!) ਗੁਰੂ ਦੀ ਸਰਨ ਪੈਣ ਵਾਲੇ (ਵਡ-ਭਾਗੀ) ਸਿੱਖਾਂ ਨੂੰ ਸਭ ਤੋਂ ਵੱਡਾ ਜਗਤ-ਪਾਲਕ ਪ੍ਰਭੂ (ਵਿਕਾਰਾਂ ਤੋਂ) ਬਚਾ ਲੈਂਦਾ ਹੈ। ਆਪਣੀ ਮੇਹਰ ਦੀ ਨਜ਼ਰ ਨਾਲ ਤੱਕ ਕੇ ਉਹਨਾਂ ਨੂੰ ਵੱਡੇ ਸੰਸਾਰ-ਸਮੁੰਦਰ ਵਿਚੋਂ ਕੱਢ ਲੈਂਦਾ ਹੈ।1। ਰਹਾਉ।

(ਹੇ ਭਾਈ! ਗੁਰੂ ਦੀ ਸਰਨ ਆਏ ਸਿੱਖਾਂ ਦੇ ਮਾਇਆ ਦੇ) ਬੰਧਨ ਕੱਟ ਕੇ ਪਰਮਾਤਮਾ (ਉਹਨਾਂ ਦੇ ਪਿਛਲੇ ਕੀਤੇ) ਔਗੁਣਾਂ ਨੂੰ ਭੁਲਾ ਦੇਂਦਾ ਹੈ (ਤੇ ਇਸ ਤਰ੍ਹਾਂ) ਆਪਣਾ ਮੁੱਢ-ਕਦੀਮਾਂ ਦਾ ਸੁਭਾਉ ਚੇਤੇ ਰੱਖਦਾ ਹੈ, ਮਾਂ ਪਿਉ ਵਾਂਗ ਉਹਨਾਂ ਉਤੇ ਦਇਆਵਾਨ ਹੁੰਦਾ ਹੈ ਅਤੇ ਬੱਚਿਆਂ ਵਾਂਗ ਉਹਨਾਂ ਨੂੰ ਪਾਲਦਾ ਹੈ।1।

ਜਿਸ ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਜਮਾਂ ਤੋਂ (ਆਤਮਕ ਮੌਤ ਤੋਂ) ਖ਼ਲਾਸੀ ਪਾਈਦੀ ਹੈ, ਇਸ ਲੋਕ ਤੇ ਪਰਲੋਕ ਵਿਚ ਸੁਖ ਮਾਣੀਦਾ ਹੈ (ਹੇ ਭਾਈ!) ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਉਸ ਦਾ ਨਾਮ ਆਪਣੀ ਜੀਭ ਨਾਲ ਜਪਿਆ ਕਰੋ। ਆਉ, ਸਦਾ ਹੀ ਉਸ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹੀਏ।2।

(ਹੇ ਭਾਈ! ਗੁਰੂ ਦੀ ਸਰਨ ਆਉਣ ਵਾਲੇ) ਸਿੱਖਾਂ ਦੇ ਪਾਸ ਪਰਮਾਤਮਾ ਦੇ ਨਾਮ ਦਾ ਪਵਿਤ੍ਰ ਧਨ ਇਕੱਠਾ ਹੋ ਜਾਂਦਾ ਹੈ (ਉਸ ਧਨ ਨੂੰ ਕਿਸੇ ਚੋਰ ਆਦਿਕ ਦਾ) ਡਰ ਨਹੀਂ ਵਿਆਪਦਾ, ਉਹ ਧਨ ਘਟਦਾ ਨਹੀਂ, ਉਹ ਧਨ ਗੁਆਚਦਾ ਨਹੀਂ, ਸਾਧ ਸੰਗਤਿ ਵਿਚ ਆ ਕੇ (ਉਹਨਾਂ ਗੁਰਸਿੱਖਾਂ ਦੇ ਸਾਰੇ) ਦੁੱਖ ਦੂਰ ਹੋ ਜਾਂਦੇ ਹਨ, ਪਰਮਾਤਮਾ ਦੇ ਪ੍ਰੇਮ ਤੇ ਭਗਤੀ ਦੀ ਬਰਕਤਿ ਨਾਲ ਉਹ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ।3।

(ਹੇ ਭਾਈ!) ਪ੍ਰਭੂ ਜੀ (ਗੁਰਸਿੱਖਾਂ ਦੇ) ਅੰਤ ਸਮੇਂ ਭੀ ਮਦਦਗਾਰ ਬਣਦੇ ਹਨ, ਇਸ ਲੋਕ ਤੇ ਪਰਲੋਕ ਵਿਚ ਰੱਖਿਆ ਕਰਦੇ ਹਨ।

ਹੇ ਨਾਨਕ! (ਆਖ—) ਮੈਂ ਪਰਮਾਤਮਾ ਤੋਂ ਸਦਾ ਕੁਰਬਾਨ ਜਾਂਦਾ ਹਾਂ ਉਸ ਦਾ ਨਾਮ ਹੀ ਮੇਰੇ ਪਾਸ ਐਸਾ ਧਨ ਹੈ ਜੋ ਮੇਰੀ ਜਿੰਦ ਦਾ ਹਿਤੂ ਤੇ ਮੇਰਾ ਮਿੱਤਰ ਹੈ।4।6। 45।